# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :27-05-2026**

ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿਚ ਵਧ ਰਹੇ ਤਾਪਮਾਨ ਦੇ ਮੱਦੇਨਜ਼ਰ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਨਾਗਰਿਕਾਂ ਨੂੰ ਵੱਧ ਤੋਂ ਵੱਧ ਸਾਵਧਾਨੀਆਂ ਵਰਤਣ ਦੀ ਅਪੀਲ ਕੀਤੀ ਏ । ਇਕ ਸੋਸ਼ਲ ਮੀਡੀਆ ਪੋਸਟ ਵਿੱਚ ਪ੍ਰਧਾਨ ਮੰਤਰੀ ਨੇ ਸਾਰਿਆਂ ਨੂੰ ਆਪਣੇ ਆਪ ਨੂੰ ਹਾਈਡਰੇਟ ਰੱਖਣ ਤੇ ਘਰਾਂ ਤੋਂ ਬਾਹਰ ਨਿਕਲਦੇ ਸਮੇਂ ਆਪਣੇ ਨਾਲ ਪਾਣੀ ਰੱਖਣ ਦੀ ਸਲਾਹ ਦਿੱਤੀ ਏ। ਉਨ੍ਹਾਂ ਅਜਿਹੇ ਮੌਸਮ ਵਿੱਚ ਸਾਰਿਆਂ ਨੂੰ ਪਰਿਵਾਰ ਅਤੇ ਅਜ਼ੀਜ਼ਾਂ ਦੇ ਸੰਪਰਕ ਵਿੱਚ ਰਹਿਣ ਤੇ ਉਨ੍ਹਾਂ ਦਾ ਹਾਲ-ਚਾਲ ਪੁੱਛਣ ਲਈ ਵੀ ਕਿਹਾ । ਉਹਨਾਂ ਲੋਕਾਂ ਨੂੰ ਬਹੁਤ ਸਾਰਾ ਪਾਣੀ ਪੀਣ ਦੀ ਸਲਾਹ ਦਿੰਦਿਆਂ ਦੁਪਿਹਰ ਵੇਲੇ ਘਰ ਤੋਂ ਬਾਹਰ ਨਿਕਲਣ ਤੋਂ ਗੁਰੇਜ਼ ਕਰਨ ਲਈ ਵੀ ਕਿਹਾ ਏ । ਉਨ੍ਹਾਂ ਘਰਾਂ, ਬਾਲਕੋਨੀਆਂ, ਛੱਤਾਂ, ਦੁਕਾਨਾਂ ਜਾਂ ਦਫਤਰਾਂ ਦੇ ਬਾਹਰ ਜਾਨਵਰਾਂ

ਤੇ ਪੰਛੀਆਂ ਨੂੰ ਧਿਆਨ ਵਿੱਚ ਰੱਖਦੇ ਹੋਏ ਪਾਣੀ ਨਾਲ ਭਰਿਆ ਇੱਕ ਛੋਟਾ ਭਾਂਡਾ ਰੱਖਣ ਦੀ ਵੀ ਅਪੀਲ ਕੀਤੀ। ਸ਼੍ਰੀ ਮੋਦੀ ਨੇ ਉਨ੍ਹਾਂ ਲੋਕਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਜੋ ਆਪਣੇ ਘਰਾਂ ਅਤੇ ਦੁਕਾਨਾਂ ਦੇ ਬਾਹਰ ਘੜਿਆਂ ਵਿੱਚ ਪਾਣੀ ਰੱਖਦੇ ਨੇ ਤਾਂ ਜੋ ਕੋਈ ਵੀ ਪਿਆਸਾ ਵਿਅਕਤੀ ਉਸ ਚੋਂ ਚੋ ਪਾਣੀ ਪੀ ਸਕੇ। ਪ੍ਰਧਾਨ ਮੰਤਰੀ ਨੇ ਸਾਰਿਆਂ ਨੂੰ ਇਨ੍ਹਾਂ ਮੁਸ਼ਕਲ ਦਿਨਾਂ ਵਿੱਚ ਪੂਰੀ ਸੰਵੇਦਨਸ਼ੀਲਤਾ ਤੇ ਹਮਦਰਦੀ ਨਾਲ ਇੱਕ ਦੂਜੇ ਦਾ ਧਿਆਨ ਰੱਖਣ ਦੀ ਅਪੀਲ ਕੀਤੀ ਏ।

---

ਪਿਛਲੇ ਕਈ ਦਿਨਾਂ ਤੋਂ ਜ਼ਬਰਦਸਤ ਗਰਮੀ ਦਾ ਸਾਹਮਣਾ ਕਰ ਰਹੇ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਚ ਆਉਣ ਵਾਲੇ ਦਿਨਾਂ ਵਿੱਚ ਮੌਸਮ ਵਿੱਚ ਬਦਲਾਅ ਆਉਣ ਦੀ ਖੁਸ਼ਖਬਰੀ ਏ। ਚੰਡੀਗੜ੍ਹ ਸਥਿਤ ਭਾਰਤੀ ਮੌਸਮ ਵਿਭਾਗ ਨੇ ਮੌਸਮ ਵਿੱਚ ਮਹੱਤਵਪੂਰਨ ਰਾਹਤ ਦੀ ਭਵਿੱਖਬਾਣੀ ਕਰਦਿਆਂ ਕੱਲ੍ਹ ਤੋਂ ਮਈ ਦੇ ਅੰਤ ਤੱਕ ਤੇਜ਼ ਬਾਰਿਸ਼, ਗਰਜ, ਕੁਝ ਥਾਵਾਂ ਤੇ ਗੜੇਮਾਰੀ ਤੇ 60-70 ਕਿਲੋਮੀਟਰ ਪ੍ਰਤੀ ਘੰਟਾ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣ ਦੇ ਯੈਲੋ ਤੇ ਓਰੰਜ ਅਲਰਟ ਜਾਰੀ ਕੀਤੇ ਨੇ। ਇਸੇ ਦੌਰਾਨ, ਅੱਜ ਦੋਵਾਂ ਸੂਬਿਆਂ ਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਵਿੱਚ ਮੌਸਮ ਗਰਮ ਹੀ ਰਹੇਗਾ। ਪਿਛਲੇ 24 ਘੰਟਿਆਂ ਵਿੱਚ ਪੰਜਾਬ

ਵਿੱਚ ਬਠਿੰਡਾ 45.8 ਡਿਗਰੀ ਸੈਲਸੀਅਸ ਨਾਲ ਸਭ ਤੋਂ ਗਰਮ ਰਿਹਾ ਤੇ ਹਰਿਆਣੇ ਦੇ ਸਿਰਸਾ ਵਿੱਚ ਵੱਧ ਤੋਂ ਵੱਧ ਤਾਪਮਾਨ 46 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਚੰਡੀਗੜ੍ਹ ਵਿੱਚ ਵੀ ਵੱਧ ਤੋਂ ਵੱਧ 41 ਡਿਗਰੀ ਸੈਲਸੀਅਸ ਤਾਪਮਾਨ ਰਿਹਾ।

---------------------------------------------------------------

ਕਲ ਸੰਪਨ ਹੋਈਆਂ ਪੰਜਾਬ ਦੀਆਂ 8 ਨਗਰ ਨਿਗਮਾਂ, 75 ਨਗਰ ਕੌਂਸਲਾਂ ਤੇ 19 ਨਗਰ ਪੰਚਾਇਤਾਂ ਦੀਆਂ ਚੋਣਾਂ ਲਈ ਕੁੱਲ 63.94 ਫੀਸਦੀ ਵੋਟਾਂ ਪਈਆਂ। ਹਾਲਾਂਕਿ ਇਸ ਦੌਰਾਨ ਵਿਰੋਧੀ ਪਾਰਟੀਆਂ ਦੇ ਸਮਰਥਕਾਂ ਵਿਚਕਾਰ ਕੁਝ ਝੜਪਾਂ ਹੋਈਆਂ, ਪਰ ਰਾਜ ਚੋਣ ਕਮਿਸ਼ਨ ਨੇ ਪੁਸ਼ਟੀ ਕੀਤੀ ਏ ਕਿ ਪੋਲਿੰਗ ਪ੍ਰਕਿਰਿਆ ਵੱਡੇ ਪੱਧਰ 'ਤੇ ਸ਼ਾਂਤੀਪੂਰਨ ਰਹੀ। ਕੁੱਲ 35 ਲੱਖ ਤੋਂ ਵੱਧ ਵੋਟਰਾਂ ਚੋਂ, 22 ਲੱਖ 38 ਹਜ਼ਾਰ 241 ਵੋਟਰਾਂ ਨੇ ਰਾਜ ਭਰ ਦੇ 1897 ਵਾਰਡਾਂ ਵਿੱਚ 7,554 ਉਮੀਦਵਾਰਾਂ ਨੂੰ ਚੁਣਨ ਲਈ ਵੋਟਾਂ ਪਾਈਆਂ। ਰਾਜ ਚੋਣ ਕਮਿਸ਼ਨ ਨੇ ਸਥਾਨਕ ਸਵੈ-ਸ਼ਾਸਨ ਨੂੰ ਮਜ਼ਬੂਤ ਕਰਨ ਵਿੱਚ ਉਤਸ਼ਾਹਜਨਕ ਭਾਗੀਦਾਰੀ ਲਈ ਪੰਜਾਬ ਦੇ ਵੋਟਰਾਂ ਦਾ ਧੰਨਵਾਦ ਕੀਤਾ ਏ। ਵੋਟਾਂ ਦੀ ਗਿਣਤੀ 29 ਮਈ ਸ਼ੁਕਰਵਾਰ ਨੂੰ ਹੋਵੇਗੀ। ਇਸੇ ਦੌਰਾਨ, ਗੁਰਦਾਸਪੁਰ ਜ਼ਿਲ੍ਹੇ ਦੇ ਦੀਨਾਨਗਰ, ਗੁਰਦਾਸਪੁਰ, ਕਾਦੀਆਂ

ਤੇ ਸ਼ਾਮ ਚੌਰਾਸੀ ਨਗਰ ਕੌਂਸਲਾਂ ਦੀਆਂ ਚੋਣਾਂ, ਜੋ ਕੱਲ੍ਹ ਦੀਆਂ ਚੋਣਾਂ ਵਿੱਚ ਨਿਰਧਾਰਤ ਨਹੀਂ ਸਨ, ਦੀਆਂ ਤਰੀਕਾਂ ਦਾ ਵੀ ਐਲਾਨ ਕੀਤਾ ਗਿਆ ਏ , ਜੋ ਕਿ 13 ਜੂਨ ਨੂੰ ਹੋਣਗੀਆਂ।

------------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਇੱਕ ਅੰਤਰਰਾਜੀ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਪੰਜ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ। ਪੁਲਿਸ ਨੇ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ 8 ਆਧੁਨਿਕ ਪਿਸਤੌਲ ਤੇ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਨੇ । ਡੀਜੀਪੀ ਪੰਜਾਬ ਵਲੋਂ ਸਾਂਝੀ ਕੀਤੀ ਜਾਣਕਾਰੀ ਅਨੁਸਾਰ, ਸ਼ੁਰੂਆਤੀ ਜਾਂਚ ਵਿੱਚ ਸਾਹਮਣੇ ਆਇਆ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਇੱਕ ਵਿਦੇਸ਼ੀ ਤਸਕਰ ਦੇ ਸੰਪਰਕ ਵਿੱਚ ਸਨ । ਮੁਲਜ਼ਮ ਵਰਚੁਅਲ ਨੰਬਰਾਂ ਰਾਹੀਂ ਵਿਦੇਸ਼ੀ ਤਸਕਰਾਂ ਦੇ ਸੰਪਰਕ ਵਿੱਚ ਸਨ ਤੇ ਡਰੋਨ ਰਾਹੀਂ ਸਰਹੱਦ ਪਾਰ ਹਥਿਆਰਾਂ ਤੇ ਨਸ਼ੀਲੇ ਪਦਾਰਥਾਂ ਦੀ ਖੇਪ ਭੇਜੀ ਜਾਂਦੀ ਸੀ। ਇਸ ਤੋਂ ਬਾਅਦ, ਇਹ ਹਥਿਆਰ ਤੇ ਨਸ਼ੀਲੇ ਪਦਾਰਥ ਪੰਜਾਬ ਦੇ ਵੱਖ-ਵੱਖ ਅਪਰਾਧਿਕ ਤੱਤਾਂ ਨੂੰ ਪਹੁੰਚਾਏ ਜਾਂਦੇ ਸਨ। ਪੁਲਿਸ ਜਾਂਚ ਵਿੱਚ ਇਹ ਵੀ ਸਾਹਮਣੇ ਆਇਆ ਏ ਕਿ ਇਹ ਮਾਡਿਊਲ ਲੰਬੇ ਸਮੇਂ ਤੋਂ ਸਰਗਰਮ ਸੀ ਤੇ ਸੰਗਠਿਤ ਅਪਰਾਧ ਨਾਲ ਜੁੜੇ ਲੋਕਾਂ ਨੂੰ ਗੈਰ-ਕਾਨੂੰਨੀ ਹਥਿਆਰ ਸਪਲਾਈ ਕਰ ਰਿਹਾ ਸੀ ।

ਪੁਲਿਸ ਨੇ ਛੇਹਰਟਾ ਥਾਣਾ ਅੰਮ੍ਰਿਤਸਰ ਵਿੱਚ ਮੁਲਜ਼ਮਾਂ ਵਿਰੁੱਧ ਐਫ.ਆਈ.ਆਰ. ਦਰਜ ਕੀਤੀ ਏ। ਪੁਲਿਸ ਗਿਰੋਹ ਦੇ ਹੋਰ ਮੈਂਬਰਾਂ ਤੇ ਪੂਰੇ ਨੈੱਟਵਰਕ ਦੀ ਡੂੰਘਾਈ ਨਾਲ ਜਾਂਚ ਕਰ ਰਹੀ ਏ।

---------------------------------------------------------------

ਕਪੂਰਥਲਾ ਦੇ ਡਿਪਟੀ ਕਮਿਸ਼ਨਰ ਆਕਾਸ਼ ਬਾਂਸਲ ਨੇ ਦੱਸਿਆ ਏ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਝੋਨੇ ਦੀ ਬਿਜਾਈ ਲਈ ਨਿਰਧਾਰਿਤ ਕੀਤੀਆਂ ਗਈਆਂ ਮਿਤੀਆਂ ਦੇ ਮੱਦੇਨਜ਼ਰ ਜ਼ਿਲ੍ਹੇ ’ਚ ਝੋਨੇ ਦੀ ਲੁਆਈ 09 ਜੂਨ ਤੋਂ ਸ਼ੁਰੂ ਹੋਵੇਗੀ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਇਸ ਨਿਰਧਾਰਿਤ ਮਿਤੀ ਤੋਂ ਪਹਿਲਾਂ ਝੋਨੇ ਦੀ ਲੁਆਈ ਨਾ ਕਰਨ, ਤਾਂ ਜੋ ਪਾਣੀ ਅਤੇ ਹੋਰ ਕੁਦਰਤੀ ਸਰੋਤਾਂ ਦੀ ਬਚਤ ਕੀਤੀ ਜਾ ਸਕੇ। ਇਸ ਦੇ ਨਾਲ ਹੀ ਉਨ੍ਹਾਂ ਭਰੋਸਾ ਦਵਾਇਆ ਕਿ ਝੋਨੇ ਦੀ ਲੁਆਈ ਦੇ ਸੀਜ਼ਨ ਦੌਰਾਨ ਜ਼ਿਲ੍ਹੇ ਦੇ ਕਿਸਾਨਾਂ ਨੂੰ ਫ਼ਸਲ ਪੱਕਣ ਤੱਕ ਰੋਜ਼ਾਨਾ ਘੱਟੋ-ਘੱਟ 8 ਘੰਟੇ ਨਿਰੰਤਰ ਬਿਜਲੀ ਸਪਲਾਈ ਯਕੀਨੀ ਬਣਾਈ ਜਾਵੇਗੀ। ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਸੂਬੇ ਨੂੰ ਤਿੰਨ ਜ਼ੋਨਾਂ ਵਿੱਚ ਵੰਡਿਆ ਗਿਆ ਏ। ਕਪੂਰਥਲਾ ਸਮੇਤ ਤੀਜੇ ਜ਼ੋਨ ਦੇ ਬਾਕੀ ਜ਼ਿਲ੍ਹਿਆਂ ਵਿੱਚ 9 ਜੂਨ ਤੋਂ ਕੰਮ ਸ਼ੁਰੂ ਹੋਵੇਗਾ। ਉਨਾਂ ਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਵਧੇਰੇ ਜਾਣਕਾਰੀ ਜਾਂ ਸਹਾਇਤਾ ਲਈ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ

ਦੀ ਅਧਿਕਾਰਤ ਵੈੱਬਸਾਈਟ ਜਾਂ ਮੁੱਖ ਖੇਤੀਬਾੜੀ ਅਫ਼ਸਰ ਨਾਲ ਸੰਪਰਕ ਕੀਤਾ ਜਾ ਸਕਦਾ ਏ ।

---------------------------------------------------------------

IPL ਕ੍ਰਿਕਟ ਵਿੱਚ, ਅੱਜ ਮੋਹਾਲੀ ਦੇ ਨਿਊ ਚੰਡੀਗੜ੍ਹ ਵਿਖੇ, ਸਨਰਾਈਜ਼ਰਸ ਹੈਦਰਾਬਾਦ ਦਾ ਮੁਕਾਬਲਾ ਐਲੀਮੀ-ਨੇਟਰ ਮੈਚ ਵਿਚ ਰਾਜਸਥਾਨ ਰਾਇਲਜ਼ ਨਾਲ ਹੋਵੇਗਾ । ਮੈਚ ਸ਼ਾਮੀ ਸਾਢੇ 7 ਵਜੇ ਸ਼ੁਰੂ ਹੋਵੇਗਾ। ਜੇਤੂ ਟੀਮ ਦਾ ਮੁਕਾਬਲਾ ਸ਼ੁੱਕਰਵਾਰ ਨੂੰ ਦੂਜੇ ਕੁਆਲੀਫਾਇਰ ਵਿੱਚ ਗੁਜਰਾਤ ਟਾਈਟਨਜ਼ ਨਾਲ ਹੋਵੇਗਾ । ਫਾਈਨਲ ਮੈਚ 31 ਮਈ ਨੂੰ ਅਹਿਮਦਾਬਾਦ ਦੇ ਨਰਿੰਦਰ ਮੋਦੀ ਸਟੇਡੀਅਮ ਵਿੱਚ ਖੇਡਿਆ ਜਾਵੇਗਾ। ਕੱਲ੍ਹ ਪਹਿਲਾਂ, ਰਾਇਲ ਚੈਲੇਂਜਰਜ਼ ਬੰਗਲੁਰੂ ਨੇ, ਕੁਆਲੀਫਾਇਰ ਮੈਚ ਵਿੱਚ ਗੁਜਰਾਤ ਟਾਈਟਨਜ਼ ਨੂੰ 92 ਦੌੜਾਂ ਨਾਲ ਹਰਾ ਕੇ ਫਾਈਨਲ ਚ ਆਪਣੀ ਜਗਾਹ ਬਣਾ ਲਈ ਏ । 255 ਦੇ ਟੀਚੇ ਦਾ ਪਿੱਛਾ ਕਰਦੇ ਹੋਏ, ਗੁਜਰਾਤ ਟਾਈਟਨਜ਼ 162 ਦੌੜਾਂ 'ਤੇ ਆਲ ਆਊਟ ਹੋ ਗਈ। ਰਜਤ ਪਾਟੀਦਾਰ ਨੂੰ ਨਾਬਾਦ 93 ਦੌੜਾਂ ਦੀ ਪਾਰੀ ਲਈ 'ਪਲੇਅਰ ਆਫ਼ ਦ ਮੈਚ' ਚੁਣਿਆ ਗਿਆ।